**File No.DIPR-PRSS0PRS1(356)/1439/2020-DPRO Amritsar**

**I/27652/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਤਹਿਤ ਜਿਲੇ ਵਿਚ ਕਣਕ ਤੇ ਦਾਲ ਦੀ ਵੰਡ ਜਾਰੀ

ਸਮਾਰਟ ਕਾਰਡ ਧਾਰਕ ਪਰਿਵਾਰ ਨੂੰ 3 ਕਿਲੋ ਦਾਲ ਤੇ ਪ੍ਰਤੀ ਮੈਂਬਰ 15 ਕਿਲੋ ਕਣਕ ਦੀ ਹੋ ਰਹੀ ਹੈ ਵੰਡ

ਅੰਮ੍ਰਿਤਸਰ, 25 ਮਈ ( )-ਖੁਰਾਕ ਤੇ ਸਿਵਲ ਸਪਲਾਈ ਵਿਭਾਗ ਵੱਲੋਂ ਕੋਵਿਡ 19 ਸੰਕਟ ਦੇ ਚੱਲਦੇ ਜ਼ਰੂਰਤਮੰਦ ਲੋਕਾਂ ਨੂੰ ਦਾਲ-ਰੋਟੀ ਦਾ ਪ੍ਰਬੰਧ ਲਗਾਤਾਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਪੰਜਾਬ ਵੱਲੋਂ ਸੰਕਟ ਵਿਚ ਪੰਜਾਬ ਭਰ ਵਿਚ ਵੰਡੇ ਗਏ 10 ਲੱਖ ਫੂਡ ਪੈਕਟਾਂ ਤੋਂ ਬਾਅਦ ਹੁਣ ਵਿਭਾਗ ਵੱਲੋਂ ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਤਹਿਤ ਜਿਲੇ ਵਿਚ ਕਣਕ ਤੇ ਦਾਲ ਦੀ ਮੁਫਤ ਵੰਡ ਕੀਤੀ ਜਾ ਰਹੀ ਹੈ। ਉਕਤ ਜਾਣਕਾਰੀ ਦਿੰਦੇ ਜਿਲਾ ਖੁਰਾਕ ਤੇ ਸਪਲਾਈ ਅਧਿਕਾਰੀ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ ਸਮਾਰਟ ਕਾਰਡ ਧਾਰਕ ਪਰਿਵਾਰਾਂ ਦੇ ਪ੍ਰਤੀ ਜੀਅ ਨੂੰ 15 ਕਿਲੋ ਕਣਕ ਅਤੇ ਪ੍ਰਤੀ ਪਰਿਵਾਰ 3 ਕਿਲੋ ਦਾਲ ਵੰਡੀ ਜਾ ਰਹੀ ਹੈ। ਉਨਾਂ ਦੱਸਿਆ ਕਿ ਸਾਨੂੰ ਹੁਣ ਤੱਕ ਸਰਕਾਰ ਵੱਲੋਂ ਅਪ੍ਰੈਲ ਤੋਂ ਜੂਨ ਤੱਕ ਦਾ ਜੋ ਕੋਟਾ ਪ੍ਰਾਪਤ ਹੋਇਆ ਹੈ , ਉਸ ਅਨੁਸਾਰ ਇਕ ਲੱਖ 80 ਹਜ਼ਾਰ ਕੁਇੰਟਲ ਤੋਂ ਵੱਧ ਕਣਕ ਅਤੇ 9237 ਕੁਇੰਟਲ ਦਾਲ ਪ੍ਰਾਪਤ ਹੋ ਚੁੱਕੀ ਹੈ।

ਜਿਲਾ ਅਧਿਕਾਰੀ ਨੇ ਦੱਸਿਆ ਕਿ ਇਸ ਰਾਸ਼ਨ ਦੀ ਸਪਲਾਈ ਹਰੇਕ ਕਾਰਡ ਧਾਰਕ ਨੂੰ ਕੀਤੀ ਜਾ ਰਹੀ ਹੈ ਅਤੇ ਸਾਡੀਆਂ ਟੀਮਾਂ ਲਗਾਤਾਰ ਇਸ ਵੰਡ ਉਤੇ ਨਿਗਾ ਰੱਖ ਰਹੀਆਂ ਹਨ , ਤਾਂ ਕਿ ਕੋਈ ਕਿਸੇ ਗਰੀਬ ਦਾ ਹੱਕ ਨਾ ਮਾਰ ਸਕੇ। ਉਨਾਂ ਦੱਸਿਆ ਕਿ ਅੱਜ ਤੱਕ ਅਸੀਂ ਜਿਲੇ ਭਰ ਵਿਚ 69 ਹਜ਼ਾਰ ਕੁਇੰਟਲ ਕਣਕ ਤੇ 3327 ਕੁਇੰਟਲ ਦਾਲ ਦੀ ਵੰਡ ਕਰ ਚੁੱਕੇ ਹਾਂ, ਜੋ ਕਿ ਕੁੱਲ ਵੰਡੇ ਜਾਣ ਵਾਲੇ ਰਾਸ਼ਨ ਦਾ 38 ਫੀਸਦੀ ਬਣਦੀ ਹੈ। ਉਨਾਂ ਦੱਸਿਆ ਕਿ ਇਸ ਵੰਡ ਮੌਕੇ ਵਾਇਰਸ ਤੋਂ ਬਚਾਅ ਲਈ ਮੂੰਹ ਉਤੇ ਮਾਸਕ ਅਤੇ ਆਪਸੀ ਦੂਰੀ ਦਾ ਪੂਰਾ ਖਿਆਲ ਰੱਖਿਆ ਜਾ ਰਿਹਾ ਹੈ ਅਤੇ ਇਲਾਕੇ ਦੇ ਮੋਹਤਬਰ ਲੋਕਾਂ ਦੀ ਸਹਾਇਤਾ ਨਾਲ ਆਪਸੀ ਦੂਰੀ ਵਰਗੀਆਂ ਜ਼ਰੂਰੀ ਗੱਲਾਂ ਦੀ ਪਾਲਣਾ ਕਰਨੀ ਵੀ ਯਕੀਨੀ ਬਣਾਈ ਜਾ ਰਹੀ ਹੈ। ਜਿਲਾ ਅਧਿਕਾਰੀ ਨੇ ਆਸ ਪ੍ਰਗਟਾਈ ਕਿ ਇਸ ਹਫਤੇ ਵਿਚ ਵੰਡ ਦਾ ਸਾਰਾ ਕੰਮ ਪੂਰਾ ਕਰ ਲਿਆ ਜਾਵੇਗਾ।

ਕੈਪਸ਼ਨ : ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਦੇ ਕਰਮਚਾਰੀ ਆਪਣੀ ਦੇਖ ਰੇਖ ਹੇਠ ਰਾਸ਼ਨ ਦੀ ਵੰਡ ਕਰਵਾਉਂਦੇ ਹੋਏ।

==============

**File No.DIPR-PRSS0PRS1(356)/1439/2020-DPRO Amritsar**

**I/27654/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕੋਵਿਡ-19 ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਹਜਾਮਤ ਦੀਆਂ ਦੁਕਾਨਾਂ/ ਸੈਲੂਨਜ਼ ਲਈ ਐਡਵਾਇਜ਼ਰੀ ਜਾਰੀ

ਅੰਮ੍ਰਿਤਸਰ, 25 ਮਈ ( )-ਸਿਹਤ ਵਿਭਾਗ ਵੱਲੋਂ ਕੋਵਿਡ - 19 ਮਹਾਮਾਰੀ ਦੇ ਮੱਦੇਨਜ਼ਰ ਹਜਾਮਤ ਦੀਆਂ ਦੁਕਾਨਾਂ /ਹੇਅਰ-ਕੱਟ ਸੈਲੂਨਾਂ ਦੀ ਸਫ਼ਾਈ ਅਤੇ ਸਵੱਛਤਾ ਬਣਾਏ ਰੱਖਣ ਸਬੰਧੀ ਵਿਸਥਾਰਤ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਇਕ ਬੁਲਾਰੇ ਨੇ ਦੱਸਿਆ ਕਿ ਹਜਾਮਤ ਦੀ ਦੁਕਾਨ / ਹੇਅਰ-ਕੱਟ ਸੈਲੂਨ ਦੇ ਮਾਲਕ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਕੋਈ ਵੀ ਸਟਾਫ ਮੈਂਬਰ ਜਿਸ ਵਿਚ ਕੋਵੀਡ - 19 (ਬੁਖਾਰ, ਸੁੱਕੀ ਖੰਘ, ਸਾਹ ਲੈਣ ਵਿਚ ਤਕਲੀਫ਼ ਆਦਿ) ਦੇ ਲੱਛਣ ਹੋਣ , ਨੂੰ ਕੰਮ ਉਤੇ ਨਾ ਬੁਲਾਇਆ ਜਾਵੇ ਅਤੇ ਉਕਤ ਵਿਅਕਤੀ ਤੁਰੰਤ ਡਾਕਟਰੀ ਸਲਾਹ ਲੈ ਕੇ ਘਰ ਦੇ ਅੰਦਰ ਰਹੇ। ਇਸੇ ਤਰਾਂ ਅਜਿਹੇ ਲੱਛਣ ਪਾਏ ਜਾਣ ਵਾਲੇ ਕਿਸੇ ਵੀ ਗਾਹਕ ਦਾ ਕੰਮ ਨਾ ਕੀਤਾ ਜਾਵੇ। ਜਿਸ ਕੇਸ ਵਿੱਚ ਕਿਸੇ ਨੂੰ (ਜਿਵੇਂ ਮਾਤਾ-ਪਿਤਾ/ਗਾਰਡੀਅਨਜ਼) ਨਾਲ ਲਿਆਉਣਾ ਜ਼ਰੂਰੀ ਨਾ ਹੋਵੇ ਦੁਕਾਨ ਉਤੇ ਆਉਣ ਵਾਲੇ ਗਾਹਕ ਆਪਣੇ ਨਾਲ ਕਿਸੇ ਹੋਰ ਵਿਅਕਤੀ ਨੂੰ ਨਾਲ ਨਾ ਲੈ ਕੇ ਆਉਣ। ਬੁਲਾਰੇ ਨੇ ਅੱਗੇ ਕਿਹਾ ਕਿ ਹਜਾਮਤ ਦੀ ਦੁਕਾਨਾਂ/ਹੇਅਰ-ਕੱਟ ਸੈਲੂਨ ਦੇ ਮਾਲਕ ਇਹ ਸੁਨਿਸ਼ਚਿਤ ਕਰਨਗੇ ਕਿ ਉਨਾਂ ਦੀ ਦੁਕਾਨ / ਸੈਲੂਨ ਵਿਚ ਬੇਲੋੜੀ ਭੀੜ ਨਾ ਹੋਵੇ।

ਇਸ ਤੋਂ ਇਲਾਵਾ ਸੇਵਾਵਾਂ ਲੈਣ ਸਮੇਂ ਗ੍ਰਾਹਕਾਂ ਵੱਲੋਂ ਸੰਭਵ ਹੱਦ ਤੱਕ ਮਾਸਕ ਦੀ ਵਰਤੋਂ ਕੀਤੀ ਜਾਵੇ। ਹਜਾਮਤ ਦੀ ਦੁਕਾਨ/ਹੇਅਰ-ਕੱਟ ਸੈਲੂਨ ਦੇ ਮਾਲਕ ਅਤੇ ਉੱਥੇ ਕੰਮ ਕਰਨ ਵਾਲੇ ਸਟਾਫ਼ ਵੱਲੋਂ ਲਾਜ਼ਮੀ ਤੌਰ ਤੇ ਮਾਸਕ ਦੀ ਵਰਤੋਂ ਕੀਤੀ ਜਾਵੇ।

ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਗ੍ਰਾਹਕਾਂ ਅਤੇ ਸਟਾਫ ਦੇ ਆਪਸੀ ਵਿਹਾਰ ਦੌਰਾਨ ਕੋਵਿਡ - 19 ਦੀ ਰੋਕਥਾਮ ਨਾਲ ਸਬੰਧਤ ਸਾਰੇ ਦਿਸ਼ਾ-ਨਿਰਦੇਸ਼ਾਂ ਜਿਵੇਂ ਕਿ ਵਾਰ-ਵਾਰ ਹੱਥ ਧੋਣਾ (ਸਾਬਣ ਅਤੇ ਪਾਣੀ ਜਾਂ ਅਲਕੋਹਲ ਅਧਾਰਤ ਹੈਂਡ ਸੈਨੀਟਾਈਜ਼ਰ ਨਾਲ), ਇੱਕ ਮੀਟਰ ਦੀ ਸਰੀਰਕ ਦੂਰੀ ਬਣਾਈ ਰੱਖਣਾ , ਰੈਸਪੀਰੇਟਰੀ (ਸੁਆਸ ਕਿਰਿਆ ਸਬੰਧੀ) ਹਾਈਜੀਨ ਦੀ ਪਾਲਣਾ , ਬਿਮਾਰੀ ਦੇ ਲੱਛਣਾਂ ਉਤੇ ਨਜ਼ਰ ਰੱਖਣਾ , ਜਨਤਕ ਥਾਵਾਂ ਉਤੇ ਨਾ ਥੁੱਕਣਾ ਆਦਿ ਦੀ ਲਾਜ਼ਮੀ ਤੌਰ ਉਤੇ ਪਾਲਣਾ ਕੀਤੀ ਜਾਵੇ।

ਇਸ ਤੋਂ ਇਲਾਵਾ ਜਿੱਥੋਂ ਤੱਕ ਹੋ ਕੇ ਦੁਕਾਨ ਮਾਲਕਾਂ ਵੱਲੋਂ ਗਾਹਕਾਂ ਨੂੰ ਡਿਜੀਟਲ ਭੁਗਤਾਨ ਦੇ ਤਰੀਕਿਆਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਜੇ ਨਕਦੀ ਦਾ ਲੈਣ-ਦੇਣ ਕੀਤਾ ਜਾਂਦਾ ਹੈ ਤਾਂ ਦੁਕਾਨਦਾਰ , ਸਟਾਫ਼ ਅਤੇ ਗ੍ਰਾਹਕ ਨਕਦੀ ਦੇ ਲੈਣ-ਦੇਣ ਤੋਂ ਪਹਿਲਾਂ ਅਤੇ ਬਾਅਦ ਆਪਣੇ ਹੱਥਾਂ ਨੂੰ ਤੁਰੰਤ ਸਾਫ਼ ਕਰਨਗੇ।

ਦੁਕਾਨਾਂ ਦੀ ਢੁੱਕਵੀਂ ਸਾਫ਼-ਸਫ਼ਾਈ ਸਬੰਧੀ ਸਰਵਿਸ ਰੂਮ , ਉਡੀਕ ਵਾਲੀਆਂ ਥਾਵਾਂ, ਕੰਮ ਕਰਨ ਵਾਲੀਆਂ ਥਾਵਾਂ ਆਦਿ ਸਮੇਤ ਅੰਦਰੂਨੀ ਖੇਤਰਾਂ ਨੂੰ ਹਰ 2-3 ਘੰਟੇ ਅੰਦਰ ਢੁੱਕਵੀਂ ਤਰਾਂ ਸਾਫ਼ ਕਰਨ ਦੀ ਸਲਾਹ ਦਿੱਤੀ ਗਈ ਹੈ। ਫਰਸ਼ਾਂ ਨੂੰ 1% ਸੋਡੀਅਮ ਹਾਈਪੋਕਲੋਰਾਈਟ ਜਾਂ ਮਾਰਕੀਟ ਵਿੱਚ ਉਪਲੱਬਧ ਇਸਦੇ ਬਰਾਬਰ ਦੇ ਕਿਸੇ ਹੋਰ ਡਿਸਇਨਫੈਕਟੈਂਟ ਨਾਲ ਸਾਫ ਕੀਤਾ ਜਾਵੇ। ਫਰਨੀਚਰ ਅਤੇ ਅਕਸਰ ਛੂਹੀਆਂ ਜਾਣ ਵਾਲੀਆਂ ਸਤਿਹਾਂ ਅਤੇ ਅਤੇ ਚੀਜ਼ਾਂ ਨੂੰ ਨਿਯਮਤ ਤੌਰ ਉਤੇ ਸਾਫ / ਡਿਸਇਨਫੈਕਟ ਕੀਤਾ ਜਾਵੇ।

ਉਪਕਰਨਾਂ (ਕੈਂਚੀ,ਉਸਤਰਾ, ਕੰਘੀ, ਸਟਾਈਲਿੰਗ ਟੂਲਜ਼) ਨੂੰ ਹਰ ਵਰਤੋਂ ਦੇ ਬਾਅਦ 1% ਸੋਡੀਅਮ ਹਾਈਪੋਕਲੋਰਾਈਟ ਨਾਲ ਸਾਫ਼ ਕੀਤੇ ਜਾਵੇ। ਕੰਮ ਦੌਰਾਨ ਵਰਤੇ ਜਾਣ ਵਾਲੇ ਕੱਪੜੇ , ਤੌਲੀਏ ਅਤੇ ਸਬੰਧਤ ਚੀਜ਼ਾਂ ਨੂੰ ਨਿਯਮਿਤ ਤੋਰ ਉਤੇ ਸਾਫ਼ ਕੀਤਾ ਅਤੇ ਧੋਤਾ ਜਾਵੇ।

========

**File No.DIPR-PRSS0PRS1(356)/1439/2020-DPRO Amritsar**

**I/27655/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਪ੍ਰਵਾਸੀ ਕਾਮਿਆਂ ਨੂੰ ਲੈ ਕੇ 28ਵੀਂ ਗੱਡੀ ਅੰਮ੍ਰਿਤਸਰ ਤੋਂ ਬਿਹਾਰ ਲਈ ਰਵਾਨਾ

ਅੰਮ੍ਰਿਤਸਰ ਤੋਂ 897, ਬਟਾਲਾ ਅਤੇ ਗੁਰਦਾਸਪੁਰ ਤੋਂ 327 ਪ੍ਰਵਾਈ ਗਏ ਆਪਣੇ ਘਰਾਂ ਨੂੰ

ਅੰਮ੍ਰਿਤਸਰ, 25 ਮਈ ( )-

ਰੋਜਾਨਾ ਦੀ ਤਰਾਂ ਅੱਜ ਵੀ ਅੰਮ੍ਰਿਤਸਰ ਤੋਂ ਗੱਡੀ ਰਾਹੀਂ 1224 ਪ੍ਰਵਾਸੀ ਛਪਰਾ (ਬਿਹਾਰ) ਲਈ ਰਵਾਨਾ ਹੋਏ। ਰਵਾਨਾ ਹੋਣ ਸਮੇਂ ਪ੍ਰਸੀਆਂ ਵੱਲੋਂ ਪੰਜਾਬ ਸਰਕਾਰ ਦਾ ਬਹੁਤ ਧੰਨਵਾਦ ਕੀਤਾ ਗਿਆ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਸ: ਸ਼ਿਵਦੁਲਾਰ ਸਿੰਘ ਢਿਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਦੱਸਿਆ ਕਿ ਇਸ 28ਵੀਂ ਗੱਡੀ ਰਾਹੀਂ 897 ਪ੍ਰਵਾਸੀ ਅੰਮ੍ਰਿਤਸਰ ਤੋਂ ਅਤੇ 327 ਪ੍ਰਵਾਸੀ ਬਟਾਲਾ ਅਤੇ ਗੁਰਦਾਸਪੁਰ ਦੇ ਸਨ ਜੋ ਆਪਣੇ ਘਰਾਂ ਨੂੰ ਰਵਾਨਾ ਹੋਏ। ਉਨਾਂ ਦੱਸਿਆ ਕਿ ਲਾਕਡਾਊਨ ਮੌਕੇ ਪੰਜਾਬ ਵਿਚੋਂ ਚੱਲ ਰਹੀਆਂ ਸਾਰੀਆਂ ਵਿਸ਼ੇਸ਼ ਰੇਲ ਗੱਡੀਆਂ ਦਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਅਤੇ ਪ੍ਰਵਾਸੀਆਂ ਨੂੰ ਉਨਾਂ ਦੇ ਘਰਾਂ ਤੋਂ ਲੈ ਕੇ ਸਿਹਤ ਨਿਰੀਖਣ ਅਤੇ ਰੇਲ ਗੱਡੀ ਵਿਚ ਸਵਾਰ ਹੋਣ ਤੱਕ ਸਾਰਾ ਪ੍ਰਬੰਧ ਜ਼ਿਲਾ ਪ੍ਰਸ਼ਾਸ਼ਨ ਵੱਲੋਂ ਕੀਤਾ ਗਿਆ। ਘਰ ਜਾ ਰਹੇ ਪ੍ਰਵਾਸੀਆਂ ਨੇ ਵੀ ਇੰਨਾਂ ਯਤਨਾਂ ਲਈ ਮੁੱਖ ਮੰਤਰੀ ਪੰਜਾਬ ਅਤੇ ਜਿਲਾ ਪ੍ਰਸ਼ਾਸ਼ਨ ਦਾ ਧੰਨਵਾਦ ਕੀਤਾ , ਜਿੰਨਾ ਦੀ ਸਹਾਇਤਾ ਨਾਲ ਉਹ ਸੁਖੀ-ਸਾਂਦੀ ਆਪਣੇ ਘਰ ਪਰਤਣਗੇ। ਉਨਾਂ ਕਿਹਾ ਕਿ ਇਹ ਰੇਲ ਗੱਡੀਆਂ ਅਜੇ ਇਸੇ ਤਰਾਂ ਚੱਲਦੀਆਂ ਰਹਿਣਗੀਆਂ ਤੇ ਜਿੰਨਾ ਪ੍ਰਵਾਸੀਆਂ ਨੇ ਪੰਜਾਬ ਸਰਕਾਰ ਦੀ ਵੈਬ ਸਾਇਟ ਉਤੇ ਘਰ ਜਾਣ ਲਈ ਅਪਲਾਈ ਕੀਤਾ ਹੈ, ਉਨਾਂ ਨੂੰ ਉਨਾਂ ਦੇ ਫੋਨ ਉਤੇ ਸੰਦੇਸ਼ ਭੇਜ ਕੇ ਰੇਲ ਗੱਡੀ ਵਿਚ ਚੜਨ ਲਈ ਸੱਦਿਆ ਜਾ ਰਿਹਾ ਹੈ। ਇਸ ਤਰਾਂ ਕਿਧਰੇ ਭੀੜ ਨਹੀਂ ਪੈਂਦੀ ਅਤੇ ਹਰ ਕੋਈ ਆਪਣੀ ਵਾਰੀ ਨਾਲ ਆ ਕੇ ਰੇਲ ਗੱਡੀ ਵਿਚ ਸਵਾਰ ਹੋ ਰਿਹਾ ਹੈ। ਉਨਾਂ ਦੱਸਿਆ ਕਿ ਸਫਰ ਤੋਂ ਪਹਿਲਾਂ ਸਾਰੇ ਪ੍ਰਵਾਸੀਆਂ ਦੀ ਸਿਹਤ ਦਾ ਨਿਰੀਖਣ ਕੀਤਾ ਜਾ ਰਿਹਾ ਹੈ ਤਾਂ ਕਿ ਕਿਧਰੇ ਵੀ ਕੋਵਿਡ 19 ਤੋਂ ਪੀੜਤ ਨਾ ਹੋਵੇ, ਜਿਸ ਕਾਰਨ ਵਾਇਰਸ ਨੂੰ ਅੱਗੇ ਫੈਲਣ ਵਿਚ ਮਦਦ ਮਿਲੇ।

ਇਸ ਮੌਕੇ ਤਹਿਸੀਲਦਾਰ ਬੀਰਕਰਨ ਸਿੰਘ ਢਿਲੋਂ , ਸ੍ਰੀ ਦਿਨੇਸ਼ ਕੁਮਾਰ, ਸ੍ਰੀ ਅਸੋਕ ਕੁਮਾਰ ਕਾਨੂੰਗੋ, ਸ੍ਰੀ ਸੁਨੀਲ ਕੁਮਾਰ, ਸ: ਕੁਲਜੀਤ ਸਿੰਘ, ਸ: ਪਰਸਨ ਸਿੰਘ ਅਤੇ ਅਮਨਦੀਪ ਸਿੰਘ ਸੇਖੋਂ ਵੀ ਹਾਜ਼ਰ ਸਨ।

ਕੈਪਸ਼ਨ-

ਪ੍ਰਵਾਸੀ ਕਾਮੇ ਗੱਡੀ ਰਾਹੀਂ ਆਪਣੇ ਘਰਾਂ ਨੂੰ ਰਵਾਨਾ ਹੁੰਦੇ ਹੋਏ।

==========